# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 17-11-2024**

- ਆਵਾਸ ਤੇ ਸ਼ਹਿਰੀ ਵਿਕਾਸ ਮੰਤਰਾਲੇ ਦੇ ਸੰਯੁਕਤ ਸਕੱਤਰ ਰਾਹੁਲ ਕਪੂਰ ਨੇ, ਖਰੜ 'ਚ ਕੇਂਦਰ ਸਰਕਾਰ ਦੀਆਂ ਯੋਜਨਾਵਾਂ ਸਬੰਧੀ ਲਾਏ ਕੈਂਪ ਦਾ ਲਿਆ ਜਾਇਜ਼ਾ।
- ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਮੁਹਾਲੀ ਸਥਿਤ ਚੰਡੀਗੜ੍ਹ ਯੂਨੀਵਰਸਿਟੀ ਵਿਖੇ, ਦੇਸ਼ ਭਰ ਵਿਚ ਨਿੱਜੀ ਸਕੂਲਾਂ ਦੇ 576 ਅਧਿਆਪਕਾਂ ਨੂੰ ਕੌਮੀ ਪੁਰਸਕਾਰ ਕੀਤੇ ਪ੍ਰਦਾਨ ।
- ਆਜ਼ਾਦੀ ਘੁਲਾਟੀਏ ਲਾਲਾ ਲਾਜਪਤ ਰਾਏ ਜੀ ਦੇ ਬਲੀਦਾਨ ਦਿਵਸ ਮੌਕੇ, ਪਿੰਡ ਢੁੱਡੀਕੇ ਵਿਖੇ ਹੋਇਆ ਸਮਾਗਮ।
- 'ਨਸ਼ਿਆਂ ਤੋਂ ਦੂਰ ਖੇਡਾਂ ਦੇ ਵੱਲ' ਮੁਹਿੰਮ ਤਹਿਤ , 5ਵੀਂ ਅਬੋਹਰ ਮੈਰਾਥਨ ਦਾ ਆਯੋਜਨ - ਪੰਜਾਬ ਸਮੇਤ ਵੱਖ-ਵੱਖ ਸੂਬਿਆਂ ਤੋਂ 8 ਹਜ਼ਾਰ ਤੋਂ ਵੱਧ ਪ੍ਰਤਿਭਾਗੀਆਂ ਨੇ ਲਿਆ ਹਿੱਸਾ ।

---------------------------------------------------------------

ਭਾਰਤ ਸਰਕਾਰ ਦੇ ਆਵਾਸ ਤੇ ਸ਼ਹਿਰੀ ਵਿਕਾਸ ਮੰਤਰਾਲੇ ਦੇ ਸੰਯੁਕਤ ਸਕੱਤਰ ਰਾਹੁਲ ਕਪੂਰ ਨੇ ਖਰੜ 'ਚ ਕੇਂਦਰ ਸਰਕਾਰ ਦੀਆਂ ਯੋਜਨਾਵਾਂ ਡੇ-ਨੂਲਮ ਅਤੇ PM ਸਵੈ-ਨਿਧੀ ਸਬੰਧੀ ਨਗਰ ਕੌਂਸਲ ਖਰੜ ਵੱਲੋ ਲਾਏ ਕੈਂਪ ਦਾ ਜਾਇਜ਼ਾ ਲਿਆ। ਉਨ੍ਹਾਂ ਯੋਜਨਾਵਾਂ ਦੀ ਪ੍ਰਗਤੀ ਬਾਰੇ ਜਾਣਕਾਰੀ ਵੀ ਹਾਸਿਲ ਕੀਤੀ ਤਾਂ ਜੋ ਭਵਿੱਖ ਵਿੱਚ ਹੋਰ ਸੁਧਾਰਾਂ ਦੀ ਗੁੰਜਾਇਸ਼ ਬਾਰੇ ਵਿਚਾਰ ਕੀਤਾ ਜਾ ਸਕੇ। ਉਨ੍ਹਾਂ ਦਸਿਆ ਕਿ ਇਹ ਯੋਜਨਾਵਾਂ ਸ਼ਹਿਰੀ ਖੇਤਰਾਂ ਲਈ ਨੇ ਅਤੇ ਸ਼ਹਿਰੀ ਗਰੀਬ ਲੋਕਾਂ ਖਾਸਕਰ ਔਰਤਾਂ ਨੂੰ ਸ਼ਸ਼ਕਤ ਕਰਨ ਲਈ, ਕੇਂਦਰ ਸਰਕਾਰ ਲਗਾਤਾਰ ਯਤਨ ਕਰ ਰਹੀ ਏ। ਖਰੜ ਤੋ ਸ਼ੁਰੂਆਤ ਮਗਰੋਂ, ਉਹ, ਪਟਿਆਲਾ , ਜਲੰਧਰ ਤੇ ਲੁਧਿਆਣਾ ਸਮੇਤ ਪੰਜਾਬ ਦੇ ਹੋਰਨਾ ਜਿਲਿਆਂ 'ਚ ਵੀ ਜਾਣਗੇ। ਇਸ ਮੌਕੇ ਮੁਹਾਲੀ ਦੇ ਵਧੀਕ ਡਿਪਟੀ ਕਮੀਸ਼ਨਰ ਵਿਰਾਜ ਐਸ. ਤਿੜਕੇ ਅਤੇ ਐਸ ਡੀ ਐਮ ਗੁਰਮੰਦਰ ਸਿੰਘ ਵੀ ਮੌਜੂਦ ਰਹੇ। ਇਸ ਕੈਂਪ ਵਿੱਚ ਨਗਰ ਕੌਂਸਲ ਨੇ ਡੇ-ਨੂਲਮ ਯੋਜਨਾ ਤਹਿਤ ਔਰਤਾਂ ਦੇ ਸਵੈ ਸਹਾਇਤਾ ਸਮੂਹਾਂ ਵੱਲੋ ਤਿਆਰ ਸਮਾਨ ਅਤੇ ਖਰੜ ਦੀ

ਸੈਨੀਟੇਸ਼ਨ ਸ਼ਾਖਾ ਵੱਲੋਂ ਜੈਵਿਕ ਖਾਦ ਦੀ ਸਟਾਲ ਲਗਾਈ ਗਈ। ਮੁੱਖ ਮਹਿਮਾਨ ਵੱਲੋ ਪੀ.ਐਮ ਸਵੈ-ਨਿਧੀ ਯੋਜਨਾਵਾਂ ਦੇ ਲਾਭਪਾਤਰੀਆਂ ਨਾਲ ਗੱਲਬਾਤ ਅਤੇ ਸਟਾਲਾਂ ਤੇ ਜਾ ਕੇ ਔਰਤਾਂ ਵਲੋ ਬਣਾਈਆਂ ਵਸਤਾਂ ਵੀ ਵੇਖੀਆਂ।

-------------------------------------------------------

ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਮੁਹਾਲੀ ਦੇ ਘੜੂੰਆਂ ਸਥਿਤ ਚੰਡੀਗੜ੍ਹ ਯੂਨੀਵਰਸਿਟੀ ਵਿਖੇ ਦੋ ਰੋਜ਼ਾ ਚੌਥੇ ਐੱਫ.ਏ.ਪੀ ਕੌਮੀ ਪੁਰਸਕਾਰ -2024 ਦੇ ਆਖਰੀ ਦਿਨ, ਦੇਸ਼ ਭਰ ਦੇ ਨਿੱਜੀ ਸਕੂਲਾਂ ਦੇ 576 ਅਧਿਆਪਕਾਂ ਨੂੰ ਕੌਮੀ ਪੁਰਸਕਾਰ ਪ੍ਰਦਾਨ ਕੀਤੇ। ਰਾਜਪਾਲ ਵਲੋਂ ਪ੍ਰਦਾਨ ਕੀਤੇ ਗਏ 576 ਪੁਰਸਕਾਰਾਂ ’ਚ 65 ਪ੍ਰਿੰਸੀਪਲਾਂ ਲਈ ਅਕਾਦਮਿਕ ਅਚੀਵਮੈਂਟ ਪੁਰਸਕਾਰ, ਸਮੇਤ ਵੱਖ ਵੱਖ ਸ਼੍ਰੇਣੀਆਂ ਵਿਚ ਪੁਰਸਕਾਰ ਪ੍ਰਦਾਨ ਕੀਤੇ ਗਏ। ਇਨ੍ਹਾਂ ਪੁਰਸਕਾਰਾਂ ਦਾ ਉਦੇਸ਼, ਦੇਸ਼ ਦੇ ਨਿੱਜੀ ਸਕੂਲਾਂ ’ਚ ਸਿਖਰਲੇ ਅਧਿਆਪਕਾਂ ਦੇ ਬੇਮਿਸਾਲ ਯੋਗਦਾਨ ਨੂੰ ਉਤਸ਼ਾਹਿਤ ਕਰਕੇ ਮਾਨਤਾ ਦੇਣਾ ਏ , ਜਿਨ੍ਹਾਂ ਨੇ ਸਕੂਲੀ ਸਿੱਖਿਆ ਦੀ ਗੁਣਵੱਤਾ ’ਚ ਮਹੱਤਵਪੂਰਨ ਵਾਧਾ ਕੀਤਾ ਏ ਅਤੇ ਸਿੱਖਿਆ, ਖੇਡਾਂ ਅਤੇ

ਪਾਠਕ੍ਰਮ ਤੋਂ ਇਲਾਵਾ ਹੋਰ ਗਤੀਵਿਧੀਆਂ ’ਚ ਆਪਣੇ ਵਿਦਿਆਰਥੀਆਂ ਦੇ ਜੀਵਨ ਦੇ ਪੱਧਰ ਨੂੰ ਉੱਚਾ ਚੁੱਕਿਆ ਏ। ਇਸ ਮੌਕੇ ਪੁਰਸਕਾਰ ਪ੍ਰਾਪਤ ਕਰਨ ਵਾਲੇ ਅਧਿਆਪਕਾਂ ਨੂੰ ਵਧਾਈ ਦੀਦਿਆਂ ਰਾਜਪਾਲ ਨੇ ਕਿਹਾ। ਰਾਜਪਾਲ ਨੇ ਕਿਹਾ ਕਿ ਭਾਰਤ ’ਚ, ਸਿੱਖਿਆ ਦੀ ਮਨੁੱਖੀ ਵਿਕਾਸ ’ਚ ਭੂਮਿਕਾ ਅਹਿਮ ਮੰਨੀ ਗਈ ਏ। ਇਨ੍ਹਾਂ ’ਚ ਸਰਕਾਰੀ ਸਕੂਲਾਂ ਦੇ ਨਾਲ-ਨਾਲ ਨਿੱਜੀ ਸਕੂਲਾਂ ਦੀ ਭੂਮਿਕਾ ਵੀ ਬਹੁਤ ਅਹਿਮ ਏ। ਰਾਜਪਾਲ ਨੇ ਕਿਹਾ ਕਿ ਨਿੱਜੀ ਸਕੂਲ ਭਾਰਤ ਦੀ ਸਿੱਖਿਆ ਪ੍ਰਣਾਲੀ ਦਾ ਅਨਿੱਖੜਵਾਂ ਅੰਗ ਨੇ ਜੋ ਵਿਦਿਆਰਥੀਆਂ ਨੂੰ ਉੱਚ ਪੱਧਰੀ ਸਿੱਖਿਆ ਪ੍ਰਦਾਨ ਕਰ ਕੇ ਭਵਿੱਖ ਲਈ ਤਿਆਰ ਕਰਦੇ ਨੇ। ਉਨ੍ਹਾਂ ਕਿਹਾ ਕਿ ਆਓ ਅਸੀਂ ਸਾਰੇ ਮਿਲੇ ਕੇ ਅੱਗੇ ਵੱਧੀਏ ਅਤੇ ਨਵੀਂ ਕੌਮੀ ਸਿੱਖਿਆ ਨੀਤੀ ਦੀ ਭਾਵਨਾ ਨੂੰ ਧਿਆਨ ’ਚ ਰੱਖੀਏ, ਕਿਉਂਕਿ ਇਹ ਵਿਕਸਤ ਭਾਰਤ ਲਈ ’ਸਭ ਦੇ ਸਾਥ’ ਦਾ ਸਮਾਂ ਏ। ਉਨ੍ਹਾਂ ਕਿਹਾ ਕਿ ਸਾਰਿਆਂ ਦੀ ਮਿਹਨਤ ਅਤੇ ਲਗਨ ਨਾਲ ਹੀ ਸਾਡਾ ਸਮਾਜ ਤਰੱਕੀ ਵੱਲ ਵਧੇਗਾ। ਜੇਕਰ ਸਮਾਜ ਮਜ਼ਬੂਤ ਹੋਵੇਗਾ ਤਾਂ ਦੇਸ਼ ਮਜ਼ਬੂਤ ਹੋਵੇਗਾ ਅਤੇ ਸਿੱਖਿਆ ਉਹ, ਸ਼ਕਤੀ ਏ ਜੋ ਦੇਸ਼ ਨੂੰ ਮਜ਼ਬੂਤ ਬਣਾਉਂਦੀ ਏ। ਉਨ੍ਹਾਂ ਕਿਹਾ ਕਿ ਸਾਰਿਆਂ

ਨੂੰ ਇਸ ਦਿਸ਼ਾ 'ਚ ਮਿਲ ਕੇ ਹੋਰ ਯਤਨ ਕਰਨ ਦੀ ਲੋੜ ਏ ਤਾਂ ਜੋ 2047 ਦੇ ਵਿਕਸਤ ਭਾਰਤ ਦੇ ਸੁਪਨੇ ਨੂੰ ਸਾਕਾਰ ਕੀਤਾ ਜਾ ਸਕੇ। ਇਸ ਮੌਕੇ ਐੱਫ.ਏ.ਪੀ ਦੇ ਪ੍ਰਧਾਨ ਜਗਜੀਤ ਸਿੰਘ ਧੂਰੀ , ਯੂਨੀਵਰਸਿਟੀ ਦੇ ਸੀਨੀਅਰ ਡਾਇਰੈਕਟਰ ਦੀਪ-ਇੰਦਰ ਸਿੰਘ ਸੰਧੂ ਅਤੇ ਵਾਈਸ ਚਾਂਸਲਰ ਦਵਿੰਦਰ ਸਿੰਘ ਸਿੱਧੂ ਵੀ ਮੌਜੂਦ ਰਹੇ ।

---------------------------------------------------------

ਸੋਸ਼ਲ ਮੀਡੀਆ 'ਤੇ ਇੱਕ ਤਸਵੀਰ ਵਾਇਰਲ ਹੋ ਰਹੀ ਏ ਜਿਸ ਵਿੱਚ ਦਾਅਵਾ ਕੀਤਾ ਗਿਆ ਏ ਕਿ ਭਾਰਤ ਦੇ ਆਰਥਿਕ ਮਾਮਲਿਆਂ ਦਾ ਵਿਭਾਗ, ਭਾਰਤੀ ਕ੍ਰਿਕਟ ਵਿੱਚ ਮਹਿੰਦਰ ਸਿੰਘ ਧੋਨੀ ਦੇ ਯੋਗਦਾਨ ਲਈ ਉਨ੍ਹਾਂ ਨੂੰ ਸਨਮਾਨਿਤ ਕਰਨ ਵਾਸਤੇ ਇੱਕ ਨਵਾਂ 7 ਰੁਪਏ ਦਾ ਸਿੱਕਾ ਜਾਰੀ ਕਰ ਰਿਹਾ ਏ । ਭਾਰਤ ਸਰਕਾਰ ਦੇ ਪ੍ਰੈੱਸ ਸੂਚਨਾ ਬਿਊਰੋ ਦੀ ਤੱਥਾਂ ਦੀ ਜਾਂਚ ਬਾਰੇ ਇਕਾਈ ਨੇ ਸਪੱਸ਼ਟ ਕੀਤਾ ਏ ਕਿ ਇਹ ਤਸਵੀਰ ਫਰਜ਼ੀ ਏ । ਆਰਥਿਕ ਮਾਮਲਿਆਂ ਦੇ ਵਿਭਾਗ ਵੱਲੋਂ ਅਜਿਹਾ ਕੋਈ ਦਾਅਵਾ ਨਹੀਂ ਕੀਤਾ ਗਿਆ ਏ ।

---------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ, 'ਏਕ ਪੇੜ ਮਾਂ ਕੇ ਨਾਮ' ਮੁਹਿੰਮ ਨੂੰ ਸਾਰਥਕ ਬਣਾਉਣ ਵਿੱਚ ਮਦਦ ਕਰਨ ਵਾਲੇ ਸਾਰੇ ਲੋਕਾਂ ਦਾ ਧੰਨਵਾਦ ਕੀਤਾ ਏ। ਸ੍ਰੀ ਮੋਦੀ ਨੇ ਸੋਸ਼ਲ ਮੀਡੀਆ 'ਤੇ ਲੋਕਾਂ ਨੂੰ ਵਾਤਾਵਰਨ ਨੂੰ ਬਚਾਉਣ ਲਈ ਆਪਣੀ ਮਾਂ ਦੇ ਸਨਮਾਨ ਵਿੱਚ ਇੱਕ ਰੁੱਖ ਲਗਾਉਣ ਦੀ ਅਪੀਲ ਕੀਤੀ ।

---------------------------------------------------------

ਪੰਜਾਬ ਕੇਸਰੀ ਦੇ ਨਾਮ ਨਾਲ ਜਾਣੇ ਜਾਂਦੇ ਮਹਾਨ ਆਜ਼ਾਦੀ ਘੁਲਾਟੀਏ ਲਾਲਾ ਲਾਜਪਤ ਰਾਏ ਜੀ ਦਾ 96ਵਾਂ ਬਲੀਦਾਨ ਦਿਵਸ ਅੱਜ ਮੋਗਾ ਜ਼ਿਲੇ ਵਿਚ ਉਨਾਂ ਦੇ ਜਨਮ ਅਸਥਾਨ ਪਿੰਡ ਢੁੱਡੀਕੇ ਵਿਖੇ ਪੂਰੀ ਸ਼ਰਧਾ ਅਤੇ ਸਤਿਕਾਰ ਨਾਲ ਮਨਾਇਆ ਗਿਆ। ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਮੁੱਖ ਮਹਿਮਾਨ ਵਜੋਂ ਜਦਕਿ ਵਿਧਾਇਕ ਮਨਜੀਤ ਸਿੰਘ ਬਿਲਾਸਪੁਰ ਨੇ ਵਿਸ਼ੇਸ਼ ਮਹਿਮਾਨ ਵਜੋਂ ਸ਼ਿਰਕਤ ਕੀਤੀ। ਸਾਰਿਆਂ ਨੇ ਲਾਲਾ ਜੀ ਦੇ ਬੁੱਤ 'ਤੇ ਫੁੱਲ ਮਾਲਾਵਾਂ ਭੇਂਟ ਕਰਕੇ ਉਨਾਂ ਦੀ ਕੁਰਬਾਨੀ ਨੂੰ ਯਾਦ ਕੀਤਾ। ਮੰਤਰੀ ਨੇ ਯਾਦਗਾਰੀ ਲਾਇਬਰੇਰੀ ਵਿਚ ਆਜ਼ਾਦੀ

ਸੰਗਰਾਮ ਦੌਰਾਨ ਕੁਰਬਾਨੀਆਂ ਕਰਨ ਵਾਲੇ ਗਦਰੀ ਬਾਬਿਆਂ ਅਤੇ ਲਾਲਾ ਜੀ ਦੀ ਜੀਵਨੀ ਸਬੰਧੀ ਤਸਵੀਰਾਂ ਦੇਖੀਆਂ । ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਆਜ਼ਾਦੀ ਦੀ ਲੜਾਈ ਵਿਚ ਲਾਲਾ ਲਾਜਪਤ ਰਾਏ ਜੀ ਦਾ ਵਿਸ਼ੇਸ਼ ਯੋਗਦਾਨ ਰਿਹਾ। ਪੰਚਾਇਤ ਦੀ ਮੰਗ ਪੂਰੀ ਕਰਦਿਆਂ ਵਿੱਤ ਮੰਤਰੀ ਨੇ ਪਿੰਡ ਦੇ ਵੱਖ ਵੱਖ ਵਿਕਾਸ ਕਾਰਜਾਂ ਲਈ 25 ਲੱਖ ਰੁਪਏ ਜਾਰੀ ਕਰਨ ਦਾ ਐਲਾਨ ਕੀਤਾ। ਇਹਨਾਂ ਵਿਕਾਸ ਕੰਮਾਂ ਵਿੱਚ 4 ਨਵੇਂ ਪਾਰਕਾਂ ਅਤੇ ਜਿੰਮ ਲਈ 10 ਲੱਖ ਰੁਪਏ, ਲਾਲਾ ਲਾਜਪਤ ਰਾਏ ਜਨਮ ਅਸਥਾਨ ਯਾਦਗਾਰ ਕਮੇਟੀ ਲਈ 10 ਲੱਖ ਰੁਪਏ ਅਤੇ ਦੇਸ਼ ਭਗਤ ਸਪੋਰਟਸ ਕਲੱਬ ਲਈ 5 ਲੱਖ ਰੁਪਏ ਸ਼ਾਮਿਲ ਨੇ । ਇਸ ਤੋਂ ਇਲਾਵਾ ਪਿੰਡ ਲਈ ਰਹਿੰਦ ਖੂਹੰਦ ਦੇ ਪ੍ਰਬੰਧਨ ਬਾਰੇ ਪਲਾਂਟ ਲਗਾਉਣ ਦੀ ਮੰਗ ਵੀ ਸਵੀਕਾਰ ਕੀਤੀ। ਇਸ ਮੌਕੇ ਸਾਬਕਾ ਮੰਤਰੀ ਡਾ. ਮਾਲਤੀ ਥਾਪਰ, ਲਾਲਾ ਲਾਜਪਤ ਰਾਏ ਜਨਮ ਅਸਥਾਨ ਯਾਦਗਾਰ ਕਮੇਟੀ ਦੇ ਵਾਈਸ ਚੇਅਰਮੈਨ ਰਣਜੀਤ ਸਿੰਘ ਧੰਨਾ, ਤੋਂ ਇਲਾਵਾ ਸਕੂਲੀ ਵਿਦਿਆਰਥੀ ਅਤੇ ਪਿੰਡ ਵਾਸੀ ਵੀ ਮੌਜੂਦ ਰਹੇ ।

---

'ਨਸ਼ਿਆਂ ਤੋਂ ਦੂਰ ਖੇਡਾਂ ਦੇ ਵੱਲ' ਮੁਹਿੰਮ ਨੂੰ ਅੱਗੇ ਵਧਾਉਂਦੇ ਹੋਏ ਜਾਖੜ ਟਰੱਸਟ ਵਲੋਂ 5ਵੀਂ ਅਬੋਹਰ ਮੈਰਾਥਨ ਦਾ ਆਯੋਜਨ ਕੀਤਾ ਗਿਆ । ਇਸ ਦੌਰਾਨ ਪੰਜਾਬ ਸਮੇਤ ਵੱਖ-ਵੱਖ ਸੂਬਿਆਂ ਤੋਂ 8000 ਤੋਂ ਵੱਧ ਪ੍ਰਤਿਭਾਗੀਆਂ ਨੇ ਮੈਰਾਥਨ ਵਿਚ ਹਿੱਸਾ ਲਿਆ। ਇਸ ਮੌਕੇ ਕੇਂਦਰੀ ਰਾਜ ਮੰਤਰੀ ਰਵਨੀਤ ਸਿੰਘ ਬਿੱਟੂ ਅਤੇ ਰਾਜਸਥਾਨ ਦੇ ਸਾਦੂਲ ਸ਼ਹਿਰ ਦੇ ਵਿਧਾਇਕ ਗੁਰਵੀਰ ਸਿੰਘ ਬਰਾੜ ਵਿਸ਼ੇਸ਼ ਤੌਰ ’ਤੇ ਪੁੱਜੇ । ਹਲਕਾ ਵਿਧਾਇਕ ਸੰਦੀਪ ਜਾਖੜ ਨੇ ਝੰਡੀ ਦੇ ਕੇ ਮੈਰਾਥਨ ਨੂੰ ਰਵਾਨਾ ਕੀਤਾ। ਕੇਂਦਰੀ ਮੰਤਰੀ ਰਵਨੀਤ ਸਿੰਘ ਬਿੱਟੂ ਨੇ ਮੈਰਾਥਨ ਰਵਾਨਾ ਕਰਨ ਤੋਂ ਪਹਿਲਾਂ ਸੰਬੋਧਨ ਕਰਦੇ ਹੋਏ ਕਿਹਾ ਕਿ ਨੌਜਵਾਨਾਂ ਨੂੰ ਨਸ਼ੇ ਤੋਂ ਬਚਾਉਣ ਲਈ ਲਗਾਤਾਰ ਵੱਖ-ਵੱਖ ਉਪਰਾਲੇ ਕਰ ਰਹੇ ਨੇ ਜੋ ਬੇਹੱਦ ਸ਼ਲਾਘਾਯੋਗ ਨੇ। ਮੈਰਾਥਨ ਦੌੜ 21 , 10 ਅਤੇ 5 ਕਿਲੋਮੀਟਰ ਦੀ ਕਰਵਾਈ ਗਈ। 21 ਕਿਲੋਮੀਟਰ ਦੌੜ ਲੜਕਿਆਂ ਵਿਚ ਪਹਿਲਾ ਸਥਾਨ ਸੋਨੀਪਤ ਦੇ ਰੋਹਿਤ ਨੇ ਜਦ ਕਿ ਲੜਕੀਆਂ ਵਿਚ ਰੌਹਤਕ ਦੀ ਕਿਰਨ ਪਹਿਲੇ ਸਥਾਨ ’ਤੇ ਰਹੀ । ਇਸ ਤੋਂ ਇਲਾਵਾ 10 ਕਿਲੋਮੀਟਰ ਦੌੜ

ਲਵਪ੍ਰੀਤ ਸਿੰਘ ਭੰਗਾਲਾ ਪਹਿਲੇ ਸਥਾਨ ’ਤੇ ਜਦ ਕਿ ਕੁੜੀਆਂ ਵਿਚ ਸੀਮਾ ਦੇਵੀ ਜਲੰਧਰ ਪਹਿਲੇ ਸਥਾਨ ’ਤੇ, ਪੰਜ ਕਿਲੋਮੀਟਰ ਦੌੜ ਲੜਕਿਆਂ ’ਚ ਦੀਪਕ ਕੁਮਾਰ ਸਾਬੂਆਣਾ ਅਤੇ ਵਿਚ ਮਾਇਆ ਖੈਰਪੁਰ ਪਹਿਲੇ ਸਥਾਨ ਤੇ ਰਹੇ। ਜੇਤੂਆਂ ਨੂੰ ਟਰੱਸਟ ਵਲੋਂ 21 ਹਜ਼ਾਰ ਦੇ ਨਗਦ ਇਨਾਮ ਸਣੇ ਟਰਾਫੀ ਦੇ ਕੇ ਸਨਮਾਨਿਤ ਕੀਤਾ ਗਿਆ।

---------------------------------------------------------

ਅੰਮ੍ਰਿਤਸਰ ਕਮਿਸ਼ਨਰੇਟ ਪੁਲਿਸ ਨੇ ਸਰਹੱਦ ਪਾਰ ਤੋਂ ਨਸ਼ੀਲੇ ਪਦਾਰਥਾਂ ਦੀ ਤਸਕਰੀ ਅਤੇ ਹਥਿਆਰਾਂ ਦੇ ਕਾਰਟੇਲ ਦਾ ਪਰਦਾਫਾਸ਼ ਕਰਦਿਆਂ, 2 ਵਿਅਕਤੀਆਂ ਨੂੰ ਸਾਢੇ 3 ਕਿਲੋਗ੍ਰਾਮ ਹੈਰੋਇਨ, ਡੇਢ ਕਿਲੋਗ੍ਰਾਮ ਮੈਥਾਕੋਲੋਨ ਪਾਊਡਰ, ਇਕ ਗਲੋਕ 9 ਅਤੇ 32 ਬੋਰ ਦੀ ਇਕ ਪਿਸਤੌਲ ਸਮੇਤ ਗ੍ਰਿਫਤਾਰ ਕੀਤਾ ਏ ਪੁਲਿਸ ਕਮਿਸ਼ਨਰ ਗੁਰਪ੍ਰੀਤ ਸਿੰਘ ਭੁੱਲਰ ਨੇ ਦਸਿਆ ਕਿ ਇਨਾ ਖਿਲਾਫ ਨਸ਼ਿਆਂ ਨੂੰ ਰੋਕਣ ਬਾਰੇ ਐਕਟ ਅਤੇ ਅਸਲਾ ਐਕਟ ਤਹਿਤ ਅੰਮ੍ਰਿਤਸਰ ਵਿਖੇ, ਐਫ.ਆਈ.ਆਰ. ਦਰਜ ਕੀਤੀ ਗਈ ਏ ਅਤੇ ਪਿਛਲੇ ਅਤੇ ਅਗਲੇ ਸਬੰਧ ਸਥਾਪਤ ਕਰਨ ਲਈ ਜਾਂਚ ਜਾਰੀ ਏ ।

---

ਜ਼ਿਲਾ ਪਠਾਨਕੋਟ ਵਿਚ ਭਾਰਤ-ਪਾਕਿਸਤਾਨ ਸਰਹੱਦ 'ਤੇ ਬਮਿਆਲ ਸਰਹੱਦੀ ਖੇਤਰ ਦੇ ਅਖਵਾੜਾ 'ਚ ਡਰੋਨ ਰਾਹੀਂ ਸੁੱਟੇ ਗਏ ਪੈਕਟ 'ਚੋਂ 540 ਗ੍ਰਾਮ ਹੈਰੋਇਨ ਬਰਾਮਦ ਹੋਈ ਏ। ਪੁਲਿਸ ਨੇ ਹੈਰੋਇਨ ਬਰਾਮਦ ਕਰਕੇ ਜਾਂਚ ਸ਼ੁਰੂ ਕਰ ਦਿੱਤੀ ਏ । ਹੈਰੋਇਨ ਦੀ ਖੇਪ ਭਾਰਤ-ਪਾਕਿਸਤਾਨ ਸਰਹੱਦ ਤੋਂ 3 ਤੋਂ 4 ਕਿਲੋਮੀਟਰ ਦੂਰ ਮਿਲੀ ਏ। ਜ਼ਿਲਾ ਪੁਲਿਸ ਨੇ ਅਣਪਛਾਤੇ ਵਿਅਕਤੀ ਖਿਲਾਫ ਮਾਮਲਾ ਦਰਜ ਕਰ ਕਾਰਵਾਈ ਸ਼ੁਰੂ ਦਿੱਤੀ ਏ।

---

## <u>ਆਖ਼ਿਰ ਵਿਚ ਖ਼ਾਸ ਖ਼ਬਰਾਂ ਇਕ ਵਾਰ ਫੇਰ ਤੋਂ</u>

- ਆਵਾਸ ਤੇ ਸ਼ਹਿਰੀ ਵਿਕਾਸ ਮੰਤਰਾਲੇ ਦੇ ਸੰਯੁਕਤ ਸਕੱਤਰ ਰਾਹੁਲ ਕਪੂਰ ਨੇ, ਖਰੜ 'ਚ ਕੇਂਦਰ ਸਰਕਾਰ ਦੀਆਂ ਯੋਜਨਾਵਾਂ ਸਬੰਧੀ ਲਾਏ ਕੈਂਪ ਦਾ ਲਿਆ ਜਾਇਜ਼ਾ।

- ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਮੁਹਾਲੀ ਸਥਿਤ ਚੰਡੀਗੜ੍ਹ ਯੂਨੀਵਰਸਿਟੀ ਵਿਖੇ, ਦੇਸ਼ ਭਰ ਵਿਚ ਨਿੱਜੀ ਸਕੂਲਾਂ ਦੇ 576 ਅਧਿਆਪਕਾਂ ਨੂੰ ਕੌਮੀ ਪੁਰਸਕਾਰ ਕੀਤੇ ਪ੍ਰਦਾਨ ।
- ਆਜ਼ਾਦੀ ਘੁਲਾਟੀਏ ਲਾਲਾ ਲਾਜਪਤ ਰਾਏ ਜੀ ਦੇ ਬਲੀਦਾਨ ਦਿਵਸ ਮੌਕੇ, ਪਿੰਡ ਢੁੱਡੀਕੇ ਵਿਖੇ ਹੋਇਆ ਸਮਾਗਮ।
- 'ਨਸ਼ਿਆਂ ਤੋਂ ਦੂਰ ਖੇਡਾਂ ਦੇ ਵੱਲ' ਮੁਹਿੰਮ ਤਹਿਤ , 5ਵੀਂ ਅਬੋਹਰ ਮੈਰਾਥਨ ਦਾ ਆਯੋਜਨ - ਪੰਜਾਬ ਸਮੇਤ ਵੱਖ-ਵੱਖ ਸੂਬਿਆਂ ਤੋਂ 8 ਹਜ਼ਾਰ ਤੋਂ ਵੱਧ ਪ੍ਰਤਿਭਾਗੀਆਂ ਨੇ ਲਿਆ ਹਿੱਸਾ ।